5108

ਨੰ: 3/22/2014-3ਸਿ3/ 2547952/1

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਰਾਜ ਪਬਲਿਕ ਸਕੂਲ,
ਜੰਡ ਸਾਹਿਬ,
ਜ਼ਿਲ੍ਹਾ ਫਰੀਦਕੋਟ।

ਮਿਤੀ, ਚੰਡੀਗੜ੍ਹ 19-6-14

ਵਿਸ਼ਾ: ਰਾਜ ਪਬਲਿਕ ਸਕੂਲ, ਜੰਡ ਸਾਹਿਬ, ਜ਼ਿਲ੍ਹਾ ਫਰੀਦਕੋਟ ਨੂੰ ਸੀ ਬੀ ਐਸ ਈ ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

******

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਦੇ ਹਵਾਲੇ ਵਿੱਚ।

2 ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ ਸੈ.ਸਿ. ਫਰੀਦਕੋਟ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸ.ਸਿ.), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1 ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਲਈ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਾਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।

2 ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪਹਿਲੀ ਤੋਂ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਅਤੇ ਸੀ ਬੀ ਐਸ ਈ ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਸ ਲੈ ਲਿਆ ਜਾਵੇਗਾ।

3 ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ ਟੀ ਈ ਐਕਟ 2009 ਦੇ ਅਧੀਨ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ ਟੀ ਈ ਐਕਟ 2009 ਦੇ ਰੂਲਾਂ ਦੀ ਇੰਨ-ਬਿੰਨ ਪਾਲਣਾ ਕਰੇਗੀ।

Scanned by CamScanner